# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-07-2024**

ਭਾਰਤ ਦੇ ਪਹਿਲੇ ਸੂਰਜੀ ਮਿਸ਼ਨ ਆਦਿਤਿਆ - ਐਲ-1 ਪੁਲਾੜ ਯਾਨ ਨੇ ਸੂਰਜ-ਧਰਤੀ ਐਲ-1 ਬਿੰਦੂ ਦੇ ਦੁਆਲੇ ਆਪਣਾ ਪਹਿਲਾ ਕੋਰੋਨਲ ਚੱਕਰ ਪੂਰਾ ਕਰ ਲਿਆ ਏ । ਭਾਰਤੀ ਪੁਲਾੜ ਖੋਜ ਸੰਗਠਨ ISRO ਨੇ ਕੱਲ੍ਹ ਕਿਹਾ ਕਿ ਇਸ ਦੀਆਂ ਸਟੇਸ਼ਨ-ਕੀਪਿੰਗ ਪ੍ਰਕਿਰਿਆਵਾਂ ਨੇ ਦੂਜੇ ਕੋਰੋਨਾ ਆਰਬਿਟ ਵਿੱਚ ਸੁਚਾਰੂ ਟ੍ਰਾਂਸਫਰ ਨੂੰ ਯਕੀਨੀ ਬਣਾਇਆ ।ਆਦਿਤਿਆ - L1 ਮਿਸ਼ਨ 2 ਸਤੰਬਰ, 2023 ਨੂੰ ਲਾਂਚ ਕੀਤਾ ਗਿਆ ਸੀ । ਇਹ ਲਾਗ-ਰੈਂਜੀਅਨ ਪੁਆਇੰਟ L1 'ਤੇ ਇੱਕ ਭਾਰਤੀ ਸੂਰਜੀ ਨਿਗਰਾਨ ਏ । ਇਸਨੂੰ 6 ਜਨਵਰੀ, 2024 ਨੂੰ ਇਸਦੇ ਟੀਚੇ ਵਾਲੇ ਵਾਲੇ ਹਾਲੋ ਆਰਬਿਟ ਵਿੱਚ ਸ਼ਾਮਲ ਕੀਤਾ ਗਿਆ ਸੀ ।

----------------------------------------------------

ਨੀਤੀ ਆਯੋਗ ਦਾ ਐਸਪੀਰੇਸ਼ਨਲ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਭਾਰਤ

ਸਰਕਾਰ ਦੀ ਇੱਕ ਪਹਿਲਕਦਮੀ ਏ, ਜਿਸ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਕਰਨਾ ਏ। ਜ਼ਿਲ੍ਹਿਆਂ ਨੂੰ ਵੱਖ-ਵੱਖ ਖ਼ਾਸ ਖੇਤਰਾਂ ਵਿੱਚ ਅੱਗੇ ਲਿਜਾਣ ਲਈ ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਕਰਾਏ ਜਾ ਰਹੇ ਨੇ। ਪੰਜਾਬ ਦੇ ਫਿਰੋਜ਼ਪੁਰ ਅਤੇ ਮੋਗਾ ਜ਼ਿਲਿਆਂ ਤੋਂ ਅਲਾਵਾ ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਕਪੂਰਥਲਾ ਅਤੇ ਸੰਗਰੂਰ ਜ਼ਿਲਿਆਂ ਦੇ ਕੁਝ ਬਲਾਕ ਇਸ ਪ੍ਰੋਗਰਾਮ ਵਿਚ ਸ਼ਾਮਲ ਨੇ। ਹੁਣ ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ ਸੰਪੂਰਨਤਾ ਅਭਿਆਨ ਭਲਕੇ 4 ਜੁਲਾਈ ਤੋਂ ਚਲਾਇਆ ਜਾ ਰਿਹਾ ਏ।

------------------------------------------------------------

ਪੰਜਾਬ ਦੇ ਮਾਲੀਏ, ਯੋਜਨਾ, ਆਬਕਾਰੀ ਅਤੇ ਕਰ ਬਾਰੇ ਮੰਤਰੀ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਏ ਕਿ ਸੂਬਾ ਸਰਕਾਰ ਨੇ ਬਕਾਇਆ ਵਸੂਲੀ ਲਈ ਪੰਜਾਬ ਯਕਮੁਸ਼ਤ ਨਿਪਟਾਰਾ (ਸੋਧ) ਯੋਜਨਾ ਤਹਿਤ ਅਰਜ਼ੀਆਂ ਦਾਖਲ ਕਰਨ ਦੀ ਆਖਰੀ ਤਰੀਕ 16 ਅਗਸਤ

ਤੱਕ ਵਧਾ ਦਿੱਤੀ ਏ। ਇਕ ਪ੍ਰੈਸ ਬਿਆਨ ਵਿੱਚ ਉਨਾਂ ਕਿਹਾ ਕਿ ਇਸ ਸਕੀਮ ਦੀ ਸਮਾਂ ਸੀਮਾ ਵਿੱਚ ਵਾਧਾ ਕਰਨ ਦਾ ਉਦੇਸ਼ ਕੇਸਾਂ ਦੀ ਪਾਲਣਾ ਦੇ ਬੋਝ ਨੂੰ ਘਟਾਉਣਾ ਅਤੇ ਵਪਾਰ ਤੇ ਉਦਯੋਗ ਨੂੰ ਜੀ.ਐਸ.ਟੀ ਪ੍ਰਣਾਲੀ ਅਧੀਨ ਆਪਣੀ ਪਾਲਣਾ ਨੂੰ ਵਧਾਉਣ ਦੇ ਯੋਗ ਬਣਾਉਣਾ ਏ।

---------------------------------------------------------------

ਪੰਜਾਬ ਸਰਕਾਰ ਸੂਬੇ ਵਿੱਚ ਖੇਤੀਬਾੜੀ ਬੁਨਿਆਦੀ ਢਾਂਚਾ ਫੰਡ ਏ.ਆਈ.ਐਫ. ਨੂੰ ਉਤਸ਼ਾਹਿਤ ਕਰਨ ਵਿੱਚ ਲਗਾਤਾਰ ਮਿਸਾਲੀ ਕਦਮ ਚੁੱਕ ਰਹੀ ਏ। ਸੂਬੇ ਨੇ ਏ.ਆਈ.ਐਫ. ਸਕੀਮ ਅਧੀਨ ਸਭ ਤੋਂ ਵੱਧ ਪ੍ਰਵਾਨਿਤ ਪ੍ਰਾਜੈਕਟਾਂ ਨਾਲ ਲਗਾਤਾਰ ਕਈ ਮਹੀਨਿਆਂ ਤੋਂ ਭਾਰਤ ਵਿੱਚ ਆਪਣਾ ਪਹਿਲਾ ਸਥਾਨ ਬਰਕਰਾਰ ਰੱਖਿਆ ਹੋਇਆ ਏ। ਇਹ ਜਾਣਕਾਰੀ ਬਾਗ਼ਬਾਨੀ ਮੰਤਰੀ ਚੇਤਨ ਸਿੰਘ ਜੌੜਾਮਾਜਰਾ ਨੇ ਦਿੱਤੀ ਏ। ਉਨਾਂ ਦੱਸਿਆ ਕਿ ਸਭ ਤੋਂ ਵੱਧ ਪ੍ਰਾਜੈਕਟਾਂ ਨੂੰ ਮਨਜ਼ੂਰੀ ਦੇਣ ਵਾਲੇ ਦੇਸ਼ ਦੇ ਸਿਖਰਲੇ 10 ਜ਼ਿਲ੍ਹਿਆਂ ਵਿੱਚ ਪੰਜਾਬ ਦੇ 9 ਜ਼ਿਲ੍ਹੇ ਸ਼ਾਮਲ ਨੇ। ਉਨ੍ਹਾਂ ਦੱਸਿਆ ਕਿ ਪੰਜਾਬ ਨੇ ਕਿਸਾਨ ਭਲਾਈ ਲਈ 14,199 ਅਹਿਮ ਪ੍ਰਾਜੈਕਟਾਂ ਨੂੰ ਪ੍ਰਵਾਨਗੀ ਦਿੱਤੀ ਏ। ਇਹ ਪ੍ਰਾਪਤੀ ਨਾ ਸਿਰਫ਼

ਏ.ਆਈ.ਐਫ. ਸਕੀਮ ਅਧੀਨ ਪੰਜਾਬ ਦੀ ਸਥਿਤੀ ਨੂੰ ਮਜ਼ਬੂਤ ਕਰਦੀ ਏ, ਸਗੋਂ ਸੂਬੇ ਵਿੱਚ ਖੇਤੀਬਾੜੀ-ਪੱਖੀ ਪ੍ਰਗਤੀਸ਼ੀਲ ਮਾਹੌਲ ਅਤੇ ਵਾਢੀ ਉਪਰੰਤ ਪ੍ਰਬੰਧਨ ਸਬੰਧੀ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਵੀ ਦਰਸਾਉਂਦੀ ਏ।

---------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰਕ੍ਸ਼ਾ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023, ਲਾਗੂ ਹੋ ਗਏ ਨੇ। ਮੁਕਤਸਰ ਜ਼ਿਲੇ ਦੇ SSP ਭਗੀਰਥ ਸਿੰਘ ਮੀਨਾ ਨੇ ਦਸਿਆ ਕਿ ਇਨ੍ਹਾਂ ਕਾਨੂੰਨਾਂ ਬਾਰੇ ਪੁਲਿਸ ਮੁਲਾਜ਼ਮਾਂ ਨੂੰ ਵੀ ਸਿਖਲਾਈ ਦਿਤੀ ਗਈ ਏ। ਓਧਰ ਪਠਾਨਕੋਟ ਤੋਂ ਐਡਵੋਕੇਟ ਜਤਿੰਦਰ ਦੇਵ ਸ਼ਰਮਾ ਵੀ, ਇਨ੍ਹਾਂ ਤਿੰਨ ਕਾਨੂੰਨਾਂ ਨੂੰ ਲੋਕ ਹਿੱਤ ਵਿਚ ਦੱਸਦੇ ਨੇ।

---------------------------------------------------------

ਟੂ ਪੰਜਾਬ ਐਨ ਸੀ ਸੀ ਬਟਾਲੀਅਨ ਦੇ ਅਧੀਨ ਚਲਾਇਆ ਜਾ ਰਿਹਾ 10 ਦਿਨ ਦਾ ਦਿਨ ਰਾਤ ਦਾ ਸਲਾਨਾ ਸਾਂਝਾ ਸੈਨਿਕ ਸਿਖਲਾਈ

ਕੈਂਪ ਖਤਮ ਹੋ ਗਿਆ ਏ। ਇਸ ਕੈਂਪ ਵਿੱਚ 600 ਕੈਡਿਟਸ ਨੂੰ ਟਰੇਨਿੰਗ ਦਿੱਤੀ ਗਈ। ਕੈਡਿਟਸ ਨੂੰ ਬੈਟਲ ਫੀਡ, ਫੀਲਡ ਕ੍ਰਾਫਟ, ਡਰਿਲ, ਹਥਿਆਰਾਂ ਨੂੰ ਖੋਲਣਾ ਤੇ ਜੋੜਨਾ, ਨਕਸ਼ਿਆਂ ਦਾ ਅਧਿਐਨ, ਲੀਡਰਸ਼ਿਪ ਅਤੇ ਐਨਸੀਸੀ ਦੇ ਫਾਇਦਿਆਂ ਸਬੰਧੀ ਜਾਣਕਾਰੀ ਦਿੱਤੀ ਗਈ। ਕੈਂਪ ਕਮਾਂਡਟ ਕਰਨਲ ਵਿਨੋਦ ਜੋਸ਼ੀ ਨੇ ਦੱਸਿਆ ਕਿ ਕੈਡਿਟਸ ਨੂੰ ਇਹਨਾਂ ਦਸ ਦਿਨਾਂ ਦੇ ਅੰਦਰ ਸੈਨਿਕ ਜੀਵਨ ਸਬੰਧੀ ਸਿਖਲਾਈ ਦਿੱਤੀ ਗਈ ਤਾਂ ਜੋ ਉਹ ਆਪਣੇ ਅੰਦਰ ਅਨੁਸ਼ਾਸ਼ਨ ਤੇ ਮਿਹਨਤ ਦੇ ਗੁਣ ਵਿਕਸਿਤ ਕਰ ਸਕਣ। ਉਹਨਾਂ ਦੱਸਿਆ ਕਿ ਕੈਡਟਾਂ ਦੀ ਬਹੁਮੱਖੀ ਪ੍ਰਤਿਭਾ ਨੂੰ ਨਿਖਾਰਨ ਲਈ ਮਹਿਲਾ ਸਸ਼ਕਤੀਕਰਨ ਅਤੇ ਸਿਹਤ ਸੰਭਾਲ, ਫਾਇਰ ਬ੍ਰਿਗੇਡ ਤੇ ਆਫਤ ਪ੍ਰਬੰਧਨ, ਪਾਸਕੋ ਐਕਟ, ਸੈਕਸ ਉਤਪੀੜਨ ਅਤੇ ਸਾਈਬਰ ਕ੍ਰਾਈਮ ਵਰਗੇ ਵਿਸ਼ਿਆਂ ਉੱਤੇ ਵਿਸ਼ੇਸ਼ ਲੈਕਚਰ ਕਰਵਾਏ ਗਏ। ਕਰਨਲ ਜੋਸ਼ੀ ਨੇ ਦੱਸਿਆ ਕਿ ਐਨਸੀਸੀ ਵਿਸ਼ਵ ਦੀ ਸਭ ਤੋਂ ਵੱਡੀ ਵਰਦੀਧਾਰੀ ਸੰਸਥਾ ਏ ਜਿਹੜੀ ਸਮਾਜ ਵਿੱਚ ਜਿੰਮੇਵਾਰ ਨਾਗਰਿਕਾਂ ਦਾ ਨਿਰਮਾਣ ਕਰਦੀ ਏ। ਇਸ ਵਿੱਚ ਧਰਮ ਅਤੇ ਜਾਤੀ ਦੇ ਸੰਬੰਧਾਂ ਤੋਂ

ਉੱਪਰ ਉੱਠ ਕੇ ਧਰਮ ਨਿਰਪੱਖ ਤੇ ਰਾਸ਼ਟਰ ਨਿਰਮਾਣ ਸਬੰਧੀ ਸਿਖਲਾਈ ਦਿੱਤੀ ਜਾਂਦੀ ਏ। ਡੀਏਵੀ ਯੂਨੀਵਰਸਿਟੀ ਵਿੱਚ ਆਯੋਜਿਤ ਇਸ ਕੈਮ੍ਪ ਵਿੱਚ ਪੰਜ ਸਹਾਇਕ ਐਨ ਸੀ ਸੀ ਅਫਸਰਾਂ ਤੋਂ ਇਲਾਵਾ 50 ਦੇ ਕਰੀਬ ਸੈਨਿਕ ਅਧਿਕਾਰੀ ਦਿਨ ਰਾਤ ਆਪਣੀ ਡਿਊਟੀ ਨਿਭਾਉਂਦੇ ਰਹੇ।

---------------------------------------------------------------

ਮਾਨਸੂਨ ਪੰਜਾਬ ਪਹੁੰਚ ਗਿਆ ਏ ਪਰ ਹੁਣ ਤੱਕ ਉਮੀਦ ਮੁਤਾਬਕ ਮੀਂਹ ਨਹੀਂ ਪੈ ਰਿਹਾ ਏ। ਇਸ ਕਾਰਨ ਗਰਮੀ ਅਤੇ ਹੁੰਮਸ ਵਾਲਾ ਮੌਸਮ ਬਣਿਆ ਹੋਇਆ ਏ। ਪਿਛਲੇ 24 ਘੰਟਿਆਂ ਵਿਚ ਜਲੰਧਰ ਸਮੇਤ ਕਈ ਜ਼ਿਲਿਆਂ 'ਚ ਬਾਰਿਸ਼ ਹੋਈ ਏ । ਇਨ੍ਹਾਂ ਵਿੱਚ ਮੁਹਾਲੀ ਵਿੱਚ 17 ਇਸ਼ਾਰਿਆ 5 ਮਿਲੀਮੀਟਰ ਅਤੇ ਰੂਪਨਗਰ ਵਿੱਚ 5 ਇਸ਼ਾਰਿਆ 5 ਮਿਲੀਮੀਟਰ ਮੀਂਹ ਸ਼ਾਮਲ ਏ ।ਪਟਿਆਲ਼ਾ ਤੇ ਫਤਹਿਗੜ੍ਹ ਸਾਹਿਬ ‘ਚ ਵੀ ਮੀਂਹ ਪੈ ਰਿਹਾ ਏ। ਮੌਸਮ ਵਿਭਾਗ ਨੇ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਲੁਧਿਆਣਾ, ਫਤਿਹਗੜ੍ਹ ਸਾਹਿਬ, ਰੂਪਨਗਰ ਤੇ ਪਟਿਆਲਾ ਜ਼ਿਲਿਆਂ ਵਿੱਚ ਮੀਂਹ ਲਈ ਯੈਲੋ

ਅਲਰਟ ਅਤੇ ਗੁਰਦਾਸਪੁਰ, ਅੰਮ੍ਰਿਤਸਰ, ਕਪੂਰਥਲਾ ਤੇ ਜਲੰਧਰ ਵਿੱਚ ਔਰੇਂਜ ਅਲਰਟ ਜਾਰੀ ਕੀਤਾ ਏ। ਇਨ੍ਹਾਂ ਜ਼ਿਲ੍ਹਿਆਂ ਵਿੱਚ ਅਗਲੇ ਤਿੰਨ ਦਿਨਾਂ ਤੱਕ ਮੀਂਹ ਪੈਣ ਦੀ ਸੰਭਾਵਨਾ ਏ। ਫ਼ਿਰੋਜ਼ਪੁਰ 24 ਘੰਟਿਆਂ 'ਚ ਸਭ ਤੋਂ ਗਰਮ ਰਿਹਾ । ਇੱਥੇ ਤਾਪਮਾਨ 42 ਇਸ਼ਾਰਿਆ 6 ਡਿਗਰੀ ਦਰਜ ਕੀਤਾ ਗਿਆ।